# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :26-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |**

- ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਨਸ਼ਿਆਂ ਵਿਰੁੱਧ ਇੱਕਜੁੱਟ ਹੋ ਕੇ ਲੜਨ ਦਾ ਸੱਦਾ ਦਿੱਤਾ ਤੇ ਕਿਹੈ ਕਿ ਨਸ਼ੀਲੇ ਪਦਾਰਥ ਰਾਸ਼ਟਰੀ ਸੁਰੱਖਿਆ ਅਤੇ ਨੌਜਵਾਨਾਂ ਦੇ ਭਵਿੱਖ ਲਈ ਗੰਭੀਰ ਖ਼ਤਰਾ ਨੇ.

- ਪੰਜਾਬ ਪੁਲਿਸ ਦੇ ਸਟੇਟ ਸਾਈਬਰ ਕ੍ਰਾਈਮ ਡਿਵੀਜ਼ਨ ਵੱਲੋਂ ਬੀਤੇ ਇੱਕ ਸਾਲ ਦੌਰਾਨ, ਧੋਖਾਧੜੀ ਵਾਲੇ 63 ਹਜ਼ਾਰ 749 ਬੈਂਕ ਖਾਤੇ ਫ੍ਰੀਜ਼ ਕੀਤੇ ਗਏ।

- ਪੰਜਾਬ ਦੇ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਇੱਕ ਵਿਸ਼ੇਸ਼ ਸੰਮੇਲਨ ਦੌਰਾਨ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ "ਛੋਟੇ ਕਦਮ, ਵੱਡਾ ਵਿਕਾਸ" ਮੁਹਿੰਮ ਦੀ ਸ਼ੁਰੂਆਤ ਕੀਤੀ.

- ਜਲੰਧਰ ਕਮਿਸ਼ਨਰੇਟ ਪੁਲਿਸ ਨੇ ਗੈਰ-ਕਾਨੂੰਨੀ ਅਤੇ ਦੇਸ਼ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੇ ਇਲਜ਼ਾਮ ਵਿੱਚ, ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ।

- ਮਰਦਾਂ ਦੀ ਹਾਕੀ ਵਿੱਚ, ਭਾਰਤ ਅੱਜ ਸ਼ਾਮ ਆਪਣੇ ਆਖਰੀ FIH ਪ੍ਰੋ ਲੀਗ ਮੈਚ ਵਿੱਚ ਰਵਾਇਤੀ ਵਿਰੋਧੀ ਪਾਕਿਸਤਾਨ ਖਿਲਾਫ਼ ਮੈਦਾਨ 'ਚ ਉਤਰੇਗਾ.

## ਹੁਣ ਖ਼ਬਰਾਂ ਵਿਸਥਾਰ ਨਾਲ

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਵਿਰੁੱਧ ਇੱਕਜੁੱਟ ਲੜਾਈ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਨਸ਼ੀਲੇ ਪਦਾਰਥਾਂ ਦਾ ਵਪਾਰ ਦੇਸ਼ ਦੀ ਸੁਰੱਖਿਆ, ਸਮਾਜਿਕ ਵਿਵਸਥਾ, ਆਰਥਿਕ ਹਿੱਤਾਂ ਅਤੇ ਨੌਜਵਾਨਾਂ ਦੇ ਭਵਿੱਖ ਲਈ ਖ਼ਤਰਾ ਪੈਦਾ ਕਰਦਾ ਏ। ਉਨ੍ਹਾਂ ਨੇ ਅਧਿਆਤਮਿਕ ਆਗੂਆਂ, ਨੌਜਵਾਨਾਂ ਅਤੇ ਮਾਵਾਂ ਨੂੰ ਇਸ ਮੁਹਿੰਮ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਸ੍ਰੀ ਸ਼ਾਹ ਨੇ ਇਹ ਗੱਲ ਨਵੀਂ ਦਿੱਲੀ ਵਿੱਚ ਨਾਰਕੋ-ਕੋਆਰਡੀਨੇਸ਼ਨ ਸੈਂਟਰ (ਐਨ ਸੀ ਓ ਆਰ ਡੀ) ਦੀ ਦਸਵੀਂ ਸਿਖਰ ਪਧਰ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਹੀ

BYTE

ਗ੍ਰਹਿ ਮੰਤਰੀ ਨੇ ਕਿਹਾ ਕਿ ਨਾਰਕੋਟਿਕਸ ਕੰਟਰੋਲ ਬਿਊਰੋ ਨੇ ਸਮੇਂ ਸਿਰ ਨਸ਼ੀਲੇ ਪਦਾਰਥਾਂ ਨਾਲ ਸੰਬੰਧਿਤ ਅਪਰਾਧਾਂ ਬਾਰੇ ਜਾਣਕਾਰੀ ਸਾਂਝੀ ਕਰਨ ਲਈ ਕਈ ਔਨਲਾਈਨ ਪੋਰਟਲ ਸ਼ੁਰੂ ਕੀਤੇ ਨੇ. ਉਨ੍ਹਾਂ ਸਾਰੇ ਰਾਜਾਂ ਦੇ ਮੁੱਖ ਸਕੱਤਰਾਂ ਅਤੇ ਪੁਲਿਸ ਡਾਇਰੈਕਟਰ ਜਨਰਲਾਂ ਨੂੰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਇਨ੍ਹਾਂ ਪੋਰਟਲਾਂ 'ਤੇ ਨਸ਼ੀਲੇ ਪਦਾਰਥਾਂ ਨਾਲ ਸੰਬੰਧਿਤ ਮਾਮਲਿਆਂ ਬਾਰੇ ਜਾਣਕਾਰੀ ਅਪਲੋਡ ਕਰਨ ਲਈ ਕਿਹਾ।

BYTE

--------------------------------------------------------------

ਜੇਲ੍ਹਾਂ ਵਿੱਚ ਬੰਦ ਕੈਦੀਆਂ ਨੂੰ ਬਿਹਤਰ ਸਿਹਤ ਸਹੂਲਤਾਂ ਅਤੇ ਮੁੜ੍ਹ ਵਸੇਬਾ ਸੇਵਾਵਾਂ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਨੇ ਲੁਧਿਆਣਾ ਵਿੱਚ 'ਨਸ਼ਾ, ਐਚ.ਆਈ.ਵੀ. ਅਤੇ ਜੇਲ੍ਹਾਂ 'ਚ ਕੈਦੀਆਂ ਦੀ ਸਿਹਤ' ਵਿਸ਼ੇ 'ਤੇ ਇੱਕ ਉੱਚ-ਪੱਧਰੀ ਮੀਟਿੰਗ ਕਰਾਈ. ਇਹ ਪ੍ਰੋਗਰਾਮ ਯੂਨਾਈਟਡ ਨੇਸ਼ਨਜ਼ ਆਫਿਸ ਆਨ ਡਰਗਜ਼ ਐਂਡ ਕਰਾਈਮ (ਯੂ ਐਨ ਓ ਡੀ ਸੀ) ਵੱਲੋਂ ਪੰਜਾਬ ਜੇਲ੍ਹ ਵਿਭਾਗ ਅਤੇ ਗੈਰ-ਸਰਕਾਰੀ ਸੰਸਥਾ 'ਟਰਨ ਯੋਰ ਕਨਸਰਨ ਇੰਟੂ ਐਕਸ਼ਨ' (ਟੀ ਵਾਈ ਸੀ ਆਈ ਏ) ਦੇ ਸਹਿਯੋਗ ਨਾਲ ਅੱਜ ਅੰਤਰਰਾਸ਼ਟਰੀ ਨਸ਼ਾ ਰੋਕਥਾਮ ਅਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮੌਕੇ ਕਰਾਇਆ ਗਿਆ। ਇਸ ਇੱਕ ਰੋਜ਼ਾ ਮੀਟਿੰਗ ਵਿੱਚ ਰਾਜ ਸਰਕਾਰ, ਜੇਲ੍ਹ ਵਿਭਾਗ ਅਤੇ ਪੰਜਾਬ ਸਮੇਤ

ਦੇਸ਼ ਭਰ ਦੇ ਸਿਹਤ ਮਾਹਿਰਾਂ ਨੇ ਹਿੱਸਾ ਲਿਆ। ਇਸ ਦੌਰਾਨ ਜੇਲ੍ਹਾਂ ਵਿੱਚ ਕੈਦੀਆਂ ਦੀ ਬਿਹਤਰ ਸਿਹਤ ਲਈ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਦਿਆਂ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਚਲ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਮੁਕਤੀ ਅਤੇ ਮਾਨਸਿਕ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਦੇ ਯਤਨਾਂ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਨਸ਼ੇ ਦੀ ਸਮੱਸਿਆ ਨਾਲ ਨਜਿੱਠਣ ਲਈ ਸਾਰੇ ਪੱਖਾਂ ਵਿਚਕਾਰ ਤਾਲਮੇਲ ਬੇਹੱਦ ਜ਼ਰੂਰੀ ਏ।

--------------------------------------------------------

ਨਾਗਰਿਕਾਂ ਨੂੰ ਸਾਇਬਰ ਧੋਖਾਧੜੀ ਤੋਂ ਬਚਾਉਣ ਦੀ ਆਪਣੀ ਵਚਨਬੱਧਤਾ ਤਹਿਤ, ਪੰਜਾਬ ਪੁਲਿਸ ਦੇ ਰਾਜ ਸਾਇਬਰ ਕ੍ਰਾਈਮ ਡਿਵੀਜ਼ਨ ਨੇ ਸਾਇਬਰ ਅਪਰਾਧੀਆਂ ਖ਼ਿਲਾਫ਼ ਕਾਰਵਾਈ ਤੇਜ਼ ਕਰ ਦਿੱਤੀ ਏ। ਪਿਛਲੇ ਇੱਕ ਸਾਲ ਵਿੱਚ ਪੰਜਾਬ ਪੁਲਿਸ ਨੇ ਸਾਇਬਰ ਧੋਖਾਧੜੀ ਨਾਲ ਜੁੜੇ 63, ਹਜ਼ਾਰ 749 ਬੈਂਕ ਖਾਤੇ ਫ੍ਰੀਜ਼ ਕੀਤੇ ਨੇ, ਜਿਨ੍ਹਾਂ ਵਿੱਚ ਕਰੀਬ 540.34 ਕਰੋੜ ਰੁਪਏ ਦੇ ਲੈਣ-ਦੇਣ ਸ਼ਾਮਲ ਸਨ। 2024 ਤੋਂ ਹੁਣ ਤੱਕ ਕਰੀਬ 64 ਕਰੋੜ ਰੁਪਏ ਦੀ ਰਕਮ ਪੀੜਤਾਂ ਨੂੰ ਵਾਪਸ ਕੀਤੀ ਗਈ ਏ, ਜਿਸ ਵਿੱਚ ਕਰੀਬ 38.42 ਕਰੋੜ ਰੁਪਏ ਪਹਿਲੀ ਜਨਵਰੀ 2025 ਤੋਂ ਬਾਅਦ ਰਿਕਵਰ ਹੋਏ ਨੇ. ਇਸੇ ਸਮੇਂ

ਦੌਰਾਨ ਰਾਜ ਵਿੱਚ 62 ਹਜ਼ਾਰ 253 ਸਾਇਬਰ ਅਪਰਾਧ ਦੇ ਮਾਮਲੇ ਦਰਜ ਕੀਤੇ ਗਏ ਨੇ. ਪਿਛਲੇ ਮਾਲੀ ਸਾਲ ਵਿੱਚ ਧੋਖਾਧੜੀ ਨਾਲ ਜੁੜੀ ਰਕਮ ਨੂੰ ਫ੍ਰੀਜ਼ ਕਰਨ ਦੀ ਦਰ 16.13 ਫੀਸਦ ਤੋਂ ਵਧ ਕੇ 23.43 ਫੀਸਦ ਹੋ ਗਈ, ਜੋ ਮਾਲੀ ਰਿਕਵਰੀ ਵਿੱਚ ਮਹੱਤਵਪੂਰਨ ਸੁਧਾਰ ਨੂੰ ਦਰਸਾਉਂਦਾ ਏ। ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ,"ਸਾਇਬਰ ਧੋਖਾਧੜੀ ਗਿਰੋਹਾਂ ਖ਼ਿਲਾਫ਼ ਵੱਡੀ ਕਾਰਵਾਈ ਨਾਲ ਨਾ ਸਿਰਫ਼ ਹਜ਼ਾਰਾਂ ਬੈਂਕ ਖਾਤੇ ਫ੍ਰੀਜ਼ ਹੋਏ ਨੇ ਅਤੇ ਧੋਖਾਧੜੀ ਦੀ ਰਕਮ ਵਾਪਸ ਮਿਲੀ ਏ, ਸਗੋਂ ਦੇਸ਼ ਭਰ ਵਿੱਚ ਸਰਗਰਮ ਸੰਗਠਿਤ ਸਾਇਬਰ ਅਪਰਾਧ ਨੈੱਟਵਰਕ ਦਾ ਵੀ ਪਰਦਾਫਾਸ਼ ਹੋਇਆ ਏ।" ਉਨ੍ਹਾਂ ਕਿਹਾ, "ਜਾਂਚ ਵਿੱਚ ਸਾਇਬਰ ਅਪਰਾਧੀਆਂ ਦੇ ਤਰੀਕਿਆਂ, ਮਾਲੀ ਲੈਣ-ਦੇਣ ਅਤੇ ਅੰਤਰ-ਰਾਜੀ ਸਬੰਧਾਂ ਦੀ ਪਛਾਣ ਵਿੱਚ ਵੱਡੀ ਸਫਲਤਾ ਮਿਲੀ ਏ। ਸਮੇਂ ਸਿਰ ਕਾਰਵਾਈ ਅਤੇ ਆਧੁਨਿਕ ਤਕਨਾਲੋਜੀ ਰਾਹੀਂ ਸਾਇਬਰ ਕ੍ਰਾਈਮ ਡਿਵੀਜ਼ਨ ਨੇ ਧੋਖਾਧੜੀ ਨੈੱਟਵਰਕ ਨੂੰ ਕਮਜ਼ੋਰ ਕੀਤਾ ਏ, ਨਾਗਰਿਕਾਂ ਦੀ ਬੱਚਤ ਦੀ ਸੁਰੱਖਿਆ ਕੀਤੀ ਏ ਅਤੇ ਇਹ ਯਕੀਨੀ ਬਣਾਇਆ ਏ ਕਿ ਦੋਸ਼ੀਆਂ ਨੂੰ ਨਿਆਂ ਦੇ ਘੇਰੇ ਵਿੱਚ ਲਿਆਂਦਾ ਜਾਵੇ।" ਜ਼ਿਲ੍ਹਿਆਂ ਵਿੱਚ ਜਲੰਧਰ ਕਮਿਸ਼ਨਰੇਟ ਵਿੱਚ ਸਭ ਤੋਂ ਵੱਧ 16, ਹਜ਼ਾਰ 32 ਬੈਂਕ ਖਾਤੇ ਫ੍ਰੀਜ਼ ਕੀਤੇ ਗਏ, ਜਿਸ ਨਾਲ 6, ਕਰੋੜ 81,ਲਖ ਰੁਪਏ ਤੋਂ ਵਧ ਦੀ ਰਿਕਵਰੀ ਹੋਈ ਏ। ਉਨ੍ਹਾਂ ਨੇ ਕਿਹਾ ਕਿ ਲਗਾਤਾਰ

ਚਲਾਈ ਜਾ ਰਹੀ ਸਖਤ ਮੁਹਿੰਮ ਅਤੇ ਵੱਡੇ ਪੱਧਰ ’ਤੇ ਜਨ-ਜਾਗਰੂਕਤਾ ਪ੍ਰੋਗਰਾਮ ਰਲ ਕੇ ਸਾਇਬਰ ਅਪਰਾਧ ਨਾਲ ਨਜਿੱਠਣ ਲਈ ਪੰਜਾਬ ਪੁਲਿਸ ਦੀ ਬਹੁ-ਪੱਖੀ ਰਣਨੀਤੀ ਨੂੰ ਦਰਸਾਉਂਦੇ ਹਨ। ਇਸਦਾ ਉਦੇਸ਼ ਨਾਗਰਿਕਾਂ ਦੀ ਬਚਤ ਦੀ ਸੁਰੱਖਿਆ ਕਰਨਾ ਅਤੇ ਰਾਜ ਵਿੱਚ ਡਿਜੀਟਲ ਲੈਣ-ਦੇਣ ’ਤੇ ਭਰੋਸਾ ਵਧਾਉਣਾ ਏ।

-------------------------------------------------------

ਪੰਜਾਬ ਦੇ ਬੱਚਿਆਂ ਦੇ ਸੁਨਹਿਰੀ ਅਤੇ ਸਿਹਤਮੰਦ ਭਵਿੱਖ ਲਈ ਮਜ਼ਬੂਤ ਨੀਂਹ ਰੱਖਣ ਦੇ ਉਦੇਸ਼ ਨਾਲ, ਪੰਜਾਬ ਸਰਕਾਰ ਦੇ ਸਮਾਜਿਕ ਸੁਰੱਖਿਆ, ਔਰਤਾਂ ਅਤੇ ਬਚਿਆਂ ਦੇ ਵਿਕਾਸ ਬਾਰੇ ਵਿਭਾਗ ਨੇ ਇੱਕ ਮਹੱਤਵਪੂਰਨ ਪਹਿਲਕਦਮੀ ਕੀਤੀ ਏ । ਇਸ ਬਾਰੇ ਜਾਣਕਾਰੀ ਦਿੰਦਿਆਂ, ਪੰਜਾਬ ਦੇ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਇੱਕ ਵਿਸ਼ੇਸ਼ ਸੰਮੇਲਨ ਦੌਰਾਨ ਕਿਹਾ ਕਿ ਵਿਭਾਗ ਨੇ "ਪੰਜਾਬ ਬਾਲ ਵਿਕਾਸ ਸੰਮੇਲਨ 2026" ਤਹਿਤ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ "ਛੋਟੇ ਕਦਮ, ਵੱਡਾ ਵਿਕਾਸ" ਮੁਹਿੰਮ ਸ਼ੁਰੂ ਕੀਤੀ ਏ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਬੱਚਿਆਂ ਦੇ ਸਰੀਰਕ, ਮਾਨਸਿਕ, ਬੌਧਿਕ ਅਤੇ ਭਾਵਨਾਤਮਕ ਵਿਕਾਸ ਨੂੰ ਯਕੀਨੀ ਬਣਾਉਣ ਵਿੱਚ ਇੱਕ ਮੀਲ ਪੱਥਰ ਸਾਬਿਤ ਹੋਵੇਗੀ-

BYTE

------------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਗੈਰ-ਕਾਨੂੰਨੀ ਅਤੇ ਦੇਸ਼ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੇ ਇਲਜ਼ਾਮ ਵਿੱਚ, ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ, ਇਹ ਤਿੰਨੋਂ ਪਾਕਿਸਤਾਨ ਸਥਿਤ ਗੈਂਗਸਟਰ ਸ਼ਹਿਜ਼ਾਦ ਭੱਟੀ ਅਤੇ ਇੱਕ ਹੋਰ ਵਿਅਕਤੀ ਨੂੰ ਸੋਸ਼ਲ ਮੀਡੀਆ ਅਤੇ ਵੱਖ-ਵੱਖ ਫੋਨ ਐਪਲੀਕੇਸ਼ਨਾਂ ਰਾਹੀਂ, ਸਰਕਾਰੀ ਇਮਾਰਤਾਂ ਅਤੇ ਹੋਰ ਸੰਵੇਦਨਸ਼ੀਲ ਜਾਣਕਾਰੀ ਭੇਜਣ ਵਿੱਚ ਸ਼ਾਮਲ ਸਨ। ਇਨ੍ਹਾਂ ਵਿੱਚੋਂ ਦੋ ਵਿਅਕਤੀ ਗੁਰੂ ਨਾਨਕਪੁਰਾ, Chuggiti ਦੇ ਵਸਨੀਕ ਨੇ ਅਤੇ ਇੱਕ ਕਮਲ ਵਿਹਾਰ, ਰਾਮਾ ਮੰਡੀ ਇਲਾਕੇ ਦਾ ਰਹਿਣ ਵਾਲਾ ਏ। ਇਨ੍ਹਾਂ ਨੂੰ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਬਾਰੇ ਕਨੂੰਨ  ਤਹਿਤ ਗ੍ਰਿਫ਼ਤਾਰ ਕੀਤਾ ਗਿਆ ਏ ਅਤੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਜਾਰੀ ਏ।

------------------------------------------------------------

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਏ ਕਿ ਸਾਉਣੀ ਰੁਤ ਦੌਰਾਨ ਝੋਨੇ ਦੀ ਸਿੱਧੀ ਬੀਜਾਈ ਅਧੀਨ ਰਕਬੇ ਵਿੱਚ 16 ਫੀਸਦ ਵਾਧਾ ਦਰਜ ਕੀਤਾ ਗਿਆ ਏ , ਜੋ ਪੰਜਾਬ ਸਰਕਾਰ ਦੀ ਸੂਬੇ ਵਿੱਚ ਧਰਤੀ ਹੇਠਲੇ ਪਾਣੀ ਨੂੰ ਬਚਾਉਣ

ਸਬੰਧੀ ਮੁਹਿੰਮ ਨੂੰ ਕਿਸਾਨਾਂ ਵੱਲੋਂ ਮਿਲ ਰਹੇ ਵੱਡੇ ਹੁਲਾਰੇ ਨੂੰ ਦਰਸਾਉਂਦਾ ਏ। ਪਾਣੀ ਦੀ ਬਚਤ ਵਾਲੀ ਇਸ ਤਕਨੀਕ ਤਹਿਤ ਹੁਣ ਤੱਕ 26 ਹਜ਼ਾਰ 896 ਕਿਸਾਨਾਂ ਨੇ 3.41 ਲੱਖ ਏਕੜ ਰਕਬਾ ਲਿਆਂਦਾ ਏ।

---------------------------------------------------

ਪੰਜਾਬ ਦੇ ਸਾਰੇ ਸਰਕਾਰੀ ਦਫ਼ਤਰਾਂ ਅਤੇ ਸੰਸਥਾਵਾਂ ਦੇ ਦਫ਼ਤਰੀ ਸਮੇਂ ਨੂੰ ਪਹਿਲਾਂ ਵਾਂਗ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਬਹਾਲ ਕਰ ਦਿੱਤਾ ਗਿਆ ਏ। ਸਰਕਾਰ ਦੇ ਬੁਲਾਰੇ ਨੇ ਦੱਸਿਆ ਏ ਕਿ ਸੂਬੇ 'ਚ ਦਫ਼ਤਰੀ ਸਮੇਂ ਵਿੱਚ ਇਹ ਤਬਦੀਲੀ ਪਹਿਲੀ ਜੁਲਾਈ, 2026 ਤੋਂ ਲਾਗੂ ਹੋਵੇਗੀ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਐਤਵਾਰ ਨੂੰ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 135ਵਾਂ ਐਪੀਸੋਡ ਹੋਵੇਗਾ।

---------------------------------------------------

ਮੌਸਮ ਵਿਭਾਗ ਨੇ 27 ਜੂਨ ਤੱਕ ਪੰਜਾਬ , ਹਰਿਆਣਾ ਅਤੇ ਚੰਡੀਗੜ੍ਹ ਵਿਚ ਕੁੱਝ ਥਾਵਾਂ 'ਤੇ ਤੇਜ਼ ਹਵਾਵਾਂ ਚੱਲਣ ਅਤੇ ਗਰਜ ਚਮਕ  ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਬਾਰੇ ਯੈਲੋ  ਅਲਰਟ ਜਾਰੀ ਕੀਤਾ

ਹੋਇਆ ਏ | ਇਸ ਦੌਰਾਨ ਅੱਜ ਦਰਜ ਕੀਤੇ ਗਏ ਵੱਧ ਤੋਂ ਵੱਧ ਤਾਪਮਾਨ ਅਨੁਸਾਰ ਪੰਜਾਬ ਵਿੱਚ ਪਟਿਆਲਾ 41 ਡਿਗਰੀ ਸੈਲਸੀਅਸ ਅਤੇ ਹਰਿਆਣਾ ਵਿਚ ਰੋਹਤਕ 43.4 ਡਿਗਰੀ ਸੈਲਸੀਅਸ ਤਾਪਮਾਨ ਨਾਲ ਸਭ ਤੋਂ ਗਰਮ ਸ਼ਹਿਰ ਰਹੇ |

-----------------------------------------------------------------

ਭਾਰਤ, ਜਰਮਨੀ ਵਿੱਚ ISSF ਜੂਨੀਅਰ ਵਿਸ਼ਵ ਨਿਸ਼ਾਨੇਬਾਜ਼ੀ ਚੈਂਪੀਅਨਸ਼ਿਪ ਵਿੱਚ ਸੋਨੇ ਦੇ ਸੱਤ ਤਮਗਿਆਂ ਨਾਲ, ਤਮਗਾ ਸੂਚੀ ਵਿੱਚ ਸਿਖਰ 'ਤੇ ਰਿਹਾ।

-----------------------------------------------------------------

ਮਰਦਾਂ ਦੀ ਹਾਕੀ ਵਿੱਚ, ਭਾਰਤ ਅੱਜ ਸ਼ਾਮ ਲੰਡਨ ਦੇ ਲੀ ਵੈਲੀ ਹਾਕੀ and ਟੈਨਿਸ ਸੈਂਟਰ ਵਿਖੇ ਆਪਣੇ ਆਖਰੀ FIH ਪ੍ਰੋ ਲੀਗ ਮੈਚ ਵਿੱਚ ਰਵਾਇਤੀ ਵਿਰੋਧੀ ਪਾਕਿਸਤਾਨ ਖਿਲਾਫ਼ ਮੈਦਾਨ ‘ਚ ਉਤਰੇਗਾ |

-----------------------------------------------------------------

- ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਨਸ਼ਿਆਂ ਵਿਰੁੱਧ ਇੱਕਜੁੱਟ ਹੋ ਕੇ ਲੜਨ ਦਾ ਸੱਦਾ ਦਿੱਤਾ ਤੇ ਕਿਹੈ ਕਿ ਨਸ਼ੀਲੇ ਪਦਾਰਥ ਰਾਸ਼ਟਰੀ ਸੁਰੱਖਿਆ ਅਤੇ ਨੌਜਵਾਨਾਂ ਦੇ ਭਵਿੱਖ ਲਈ ਗੰਭੀਰ ਖ਼ਤਰਾ ਨੇ.

- ਪੰਜਾਬ ਪੁਲਿਸ ਦੇ ਸਟੇਟ ਸਾਈਬਰ ਕ੍ਰਾਈਮ ਡਿਵੀਜ਼ਨ ਵੱਲੋਂ ਬੀਤੇ ਇੱਕ ਸਾਲ ਦੌਰਾਨ, ਧੋਖਾਧੜੀ ਵਾਲੇ 63 ਹਜ਼ਾਰ 749 ਬੈਂਕ ਖਾਤੇ ਫ੍ਰੀਜ਼ ਕੀਤੇ ਗਏ।

- ਪੰਜਾਬ ਦੇ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਇੱਕ ਵਿਸ਼ੇਸ਼ ਸੰਮੇਲਨ ਦੌਰਾਨ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ "ਛੋਟੇ ਕਦਮ, ਵੱਡਾ ਵਿਕਾਸ" ਮੁਹਿੰਮ ਦੀ ਸ਼ੁਰੂਆਤ ਕੀਤੀ.

- ਜਲੰਧਰ ਕਮਿਸ਼ਨਰੇਟ ਪੁਲਿਸ ਨੇ ਗੈਰ-ਕਾਨੂੰਨੀ ਅਤੇ ਦੇਸ਼ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੇ ਇਲਜ਼ਾਮ ਵਿੱਚ, ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ।

- ਮਰਦਾਂ ਦੀ ਹਾਕੀ ਵਿੱਚ, ਭਾਰਤ ਅੱਜ ਸ਼ਾਮ ਆਪਣੇ ਆਖਰੀ FIH ਪ੍ਰੋ ਲੀਗ ਮੈਚ ਵਿੱਚ ਰਵਾਇਤੀ ਵਿਰੋਧੀ ਪਾਕਿਸਤਾਨ ਖਿਲਾਫ਼ ਮੈਦਾਨ 'ਚ ਉਤਰੇਗਾ.

------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ ਸ਼ਾਮੀ 7.30 ਵਜੇ ਨਮਸਕਾਰ !**